# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਸੰਤਾਂ ਦੀ ਸਲਾਨਾ ਬਰਸੀ ਤੇ ਲਗਾਇਆ 19ਵਾਂ ਵਿਸ਼ਾਲ ਖ਼ੂਨਦਾਨ ਕੈਂਪ ਪਿੰਡ ਗੋਲੇਵਾਲਾ

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ



ਫ਼ਰੀਦਕੋਟ 25 ਫਰਵਰੀ : ਹਰ ਸਾਲ ਦੀ ਤਰਾਂ ਇਸ ਸਾਲ ਵੀ ਬਾਬਾ ਫ਼ਰੀਦ ਜੀ ਬਲੱਡ ਸੇਵਾ ਸੁਸਾਇਟੀ (ਰਜਿ) ਫ਼ਰੀਦਕੋਟ ਵੱਲੋ 19ਵਾਂ ਵਿਸ਼ਾਲ ਖ਼ੂਨਦਾਨ ਕੈਂਪ ਨਿਰਮਲ ਡੇਰਾਗੋਲੇਵਾਲਾ ਵਿਖੇ ਮਹੰਤ ਹਰਪ੍ਰੀਤ ਸਿੰਘ ਮੁੱਖ ਸੇਵਾਦਾਰ ਡੇਰਾ ਬਾਬਾ ਸਰੂਪ ਸਿੰਘ ਤੇ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆ ਦੇ ਸਹਿਯੋਗ ਨਾਲ ਲਗਾਇਆ ਗਿਆ। ਜਿਸ ਵਿੱਚ ਵੱਖ ਵੱਖ ਰਾਜਨੀਤਕ ਲੀਡਰਸ਼ਿਪ ਵੱਲੋ ਹਲਕਾ ਫ਼ਰੀਦਕੋਟ ਵਿਧਾਇਕ ਸ੍ਰ ਗੁਰਦਿੱਤ ਸਿੰਘ ਸੇਖੋ, ਲੋਕ ਸਭਾ ਮੈਂਬਰ ਸਰਬਜੀਤ ਸਿੰਘ ਜੀ ਖਾਲਸਾ, ਮਾਰਕੀਟ ਕਮੇਟੀ ਦੇ ਚੇਅਰਮੈਨ ਅਮਨਦੀਪ ਸਿੰਘ ਬਾਬਾ ਤੇ ਸ੍ਰੋਮਣੀ ਅਕਾਲੀ ਦਲ ਫ਼ਰੀਦਕੋਟ ਦੇ ਹਲਕਾ ਇੰਚਾਰਜ ਪਰਮਬੰਸ ਸਿੰਘ ਬੰਟੀ ਰੋਮਾਣਾ ਜੀ , ਪ੍ਰਧਾਨ ਬਿੰਦਰ ਸਿੰਘ ਕਿਸਾਨ ਯੂਨੀਅਨ ਕਾਦੀਆ ਉਚੇਚੇ ਤੌਰ ਤੇ ਪਹੁੰਚੇ।ਇਹ ਜਾਣਕਾਰੀ ਪ੍ਰੈਸ ਨਾਲ ਸੁਸਾਇਟੀ ਦੇ ਪ੍ਰੈਸ ਸਕੱਤਰ ਸ਼ਿਵਨਾਥ ਦਰਦੀ ਨੇ ਸਾਂਝੀ ਕੀਤੀ।

ਇਸ ਸਮੇ ਸੁਸਾਇਟੀ ਦੇ ਪ੍ਰਧਾਨ ਰਾਜਵੀਰ ਸਿੰਘ ਗੋਲੇਵਾਲਾ, ਸਕੱਤਰ ਸੁਖਵੀਰ ਸਿੰਘ ਰੱਤੀ ਰੋੜੀ, ਮੀਤ ਪ੍ਰਧਾਨ ਗੁਰਦੇਵ ਸਿੰਘ,ਸਵਰਾਜ ਸਿੰਘ ਬਰਾੜ, ਸਤਨਾਮ ਸਿੰਘ, ਵਿਸ਼ਾਲ, ਦਵਿੰਦਰ ਮੰਡ, ਮਨਜੀਤ ਸਿੰਘ ਕਾਹਨ, ਸਾਈਮਨ ਅਟਵਾਲ ਤੇ ਦਲਜੀਤ ਸਿੰਘ ਆਦਿ ਹਾਜ਼ਰ ਸਨ।

ਇਸ ਸਮੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਫ਼ਰੀਦਕੋਟ ਦੇ ਬਲੱਡ ਬੈਂਕ ਦੇ ਡਾਕਟਰ ਸਹਿਬਾਨ ਦੀ ਟੀਮ ਤੇ ਸਿਵਲ ਹਸਪਤਾਲ ਫ਼ਰੀਦਕੋਟ ਦੇ ਡਾਕਟਰ ਸਹਿਬਾਨ ਦੀ ਟੀਮ ਨੇ ਬਲੱਡ ਯੂਨਿਟ ਇਕੱਤਰ ਕਰਨ ਵਿਚ ਆਪਣੀ ਸੇਵਾ ਨਿਭਾਈ।

## ਗੁਣਜੀਤ ਰੂਚੀ ਬਾਵਾ ਨੇ ਬਠਿੰਡਾ ਵਿੱਚ ਬੱਚਿਆਂ ਦੀਆਂ ਦੇਖਭਾਲ ਸੰਸਥਾਵਾਂ ਦਾ ਜਾਇਜ਼ਾ ਲਿਆ

### ਡਿਪਟੀ ਕਮਿਸ਼ਨਰ ਨਾਲ ਮੀਟਿੰਗ ਕੀਤੀ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ





ਬਠਿੰਡਾ, 25 ਫਰਵਰੀ : ਪੰਜਾਬ ਬੱਚਿਆਂ ਦੇ ਅਧਿਕਾਰਾਂ ਲਈ ਸੁਰੱਖਿਆ ਕਮਿਸ਼ਨ (ਪੀ.ਐਸ.ਸੀ.ਪੀ.ਸੀ.ਆਰ) ਦੀ ਵਾਈਸ ਚੇਅਰਪਰਸਨ ਸ੍ਰੀਮਤੀ ਗੁਣਜੀਤ ਰੂਚੀ ਬਾਵਾ ਨੇ ਬਠਿੰਡਾ ਵਿਖੇ ਬੱਚਿਆਂ ਦੀਆਂ ਮੁੱਖ ਦੇਖਭਾਲ ਸੰਸਥਾਵਾਂ ਦਾ ਦੌਰਾ ਕੀਤਾ ਅਤੇ ਉਹਨਾਂ ਦੇ ਕੰਮਕਾਜ ਅਤੇ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਲੜਕਿਆਂ ਲਈ ਸੀ.ਸੀ.ਆਈ, ਰੈਡ ਕਰਾਸ ਬੱਚੇ ਗੋਦ ਲੈਣ ਸਬੰਧੀ ਏਜੰਸੀ ਅਤੇ ਨਥਾਣਾ ਵਿਖੇ ਸ੍ਰੀ ਅਨੰਤ ਆਨੰਦ ਆਸ਼ਰਮ ਦਾ ਦੌਰਾ ਵੀ ਕੀਤਾ।

ਦੌਰੇ ਦੌਰਾਨ, ਉਨ੍ਹਾਂ ਰਹਿਣ-ਸਹਿਣ ਦੀਆਂ ਸਥਿਤੀਆਂ, ਸਿੱਖਿਆ ਅਤੇ ਸਿਹਤ ਸਹੂਲਤਾਂ, ਸੁਰੱਖਿਆ ਅਤੇ ਰਿਕਾਰਡਾਂ ਦੇ ਰੱਖ-ਰਖਾਅ ਦਾ ਜਾਇਜ਼ਾ ਲਿਆ। ਉਨ੍ਹਾਂ ਬੱਚਿਆਂ ਅਤੇ ਸਟਾਫ਼ ਨਾਲ ਗੱਲਬਾਤ ਕੀਤੀ ਤਾਂ ਜੋ ਜ਼ਮੀਨੀ ਪੱਧਰ ਉੱਤੇ ਸਮੱਸਿਆਵਾਂ ਨੂੰ ਸਮਝ ਸਕਣ। ਉਨ੍ਹਾ ਬੱਚਿਆਂ ਦੀ ਸੁਰੱਖਿਆ ਸਬੰਧੀ ਕਾਨੂੰਨਾਂ ਅਤੇ ਨਿਰਦੇਸ਼ਾਂ ਦੀ ਸਖ਼ਤ ਪਾਲਣਾ ‘ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕਮੀਆਂ ਨੂੰ ਤੁਰੰਤ ਹੱਲ ਕੀਤਾ ਜਾਵੇ ਅਤੇ ਵਿਭਾਗਾਂ ਵਿਚਕਾਰ ਤਾਲਮੇਲ ਵਧਾਇਆ ਜਾਵੇ।

ਸ੍ਰੀਮਤੀ ਗੁਣਜੀਤ ਰੂਚੀ ਬਾਵਾ ਨੇ ਬੱਚਿਆਂ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਵਿਸ਼ੇਸ਼ ਨਿਰਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਸਕੂਲਾਂ ਅਤੇ ਸੰਸਥਾਵਾਂ ਵਿੱਚ ਬੱਚਿਆਂ ਦੀ ਹੈਲਪਲਾਈਨ ਨੰਬਰਾਂ ਨੂੰ ਜਨਤਕ ਕਰਨ, ਬੱਚਿਆਂ ਦੇ ਅਧਿਕਾਰਾਂ ਬਾਰੇ ਪੋਸਟਰ ਕੰਧਾਂ ‘ਤੇ ਲਗਾਉਣ ਅਤੇ 14 ਸਾਲ ਤੋਂ ਵੱਧ ਉਮਰ ਦੇ ਵਿਦਿਆਰਥੀਆਂ ਲਈ ਨਿਯਮਤ ਜਾਗਰੂਕਤਾ ਪ੍ਰੋਗਰਾਮਾਂ ਸਮੇਤ ਕੌਂਸਲਿੰਗ ਸੈਸ਼ਨ ਕਰਵਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਬੱਚਿਆਂ, ਮਾਪਿਆਂ ਅਤੇ ਸਟਾਫ਼ ਨੂੰ ਬੱਚਿਆਂ ਦੀ ਸੁਰੱਖਿਆ ਕਾਨੂੰਨਾਂ ਅਤੇ ਸਹਾਇਕ ਪ੍ਰਣਾਲੀਆਂ ਬਾਰੇ ਸਿੱਖਿਆ ਦਿੱਤੀ ਜਾ ਸਕੇ।

ਉਨ੍ਹਾਂ ਬਠਿੰਡਾ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਨ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ। ਉਨ੍ਹਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਗਰਾਨੀ ਮਜ਼ਬੂਤ ਕਰਨ, ਸਮੇਂ ਸਿਰ ਕਾਰਵਾਈ ਯਕੀਨੀ ਬਣਾਉਣ ਅਤੇ ਵਿਸ਼ੇਸ਼ ਬੱਚਿਆਂ ਦੇ ਅਪਣਾਉਣ ਪ੍ਰਕਿਰਿਆ ‘ਤੇ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਦੀ ਸਲਾਹ ਦਿੱਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਨ ਨੇ ਵਿਸ਼ਵਾਸ ਦਵਾਇਆ ਕਿ ਇਸ ਸਬੰਧੀ ਕੰਮ ਕੀਤਾ ਜਾਵੇਗਾ।

ਉਨ੍ਹਾਂ ਜ਼ਿਲ੍ਹਾ ਪੁਲਿਸ ਮੁਖੀ ਡਾ. ਜਯੋਤੀ ਯਾਦਵ ਬੈਂਸ ਨਾਲ ਮੀਟਿੰਗ ਦੌਰਾਨ ਸਖੀ ਸੈਂਟਰ ਅਤੇ ਪੋਕਸੋ ਕੇਸਾਂ ਦੀਆਂ ਸੁਰੱਖਿਆ ਬਾਰੇ ਚਰਚਾ ਕੀਤੀ।

ਇਸ ਮੌਕੇ ਬੋਲਦਿਆਂ ਸ੍ਰੀਮਤੀ ਗੁਣਜੀਤ ਰੂਚੀ ਬਾਵਾ ਨੇ ਕਿਹਾ, “ਹਰ ਬੱਚੇ ਨੂੰ ਦੇਖਭਾਲ ਅਤੇ ਸੁਰੱਖਿਆ ਦਾ ਹੱਕ ਹੈ। ਜਾਗਰੂਕਤਾ ਅਤੇ ਸਮੇਂ ਸਿਰ ਕਾਰਵਾਈ ਉਹਨਾਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਦੇ ਸਭ ਤੋਂ ਮਜ਼ਬੂਤ ਹਥਿਆਰ ਹਨ।”

ਇਸ ਮੌਕੇ ਮੁੱਖ ਮੰਤਰੀ ਖੇਤਰੀ ਅਫ਼ਸਰ ਸ੍ਰੀ ਰਮਨਜੀਤ, ਚੇਅਰਮੈਨ ਸ. ਬਿਕਰਮਜੀਤ ਸਿੰਘ, ਸੀਡਬਲਿਊਸੀ ਬਠਿੰਡਾ ਸ੍ਰੀ ਰਾਕੇਸ਼ ਕੁਮਾਰ, ਸ੍ਰੀ ਮੋਹਿਤ ਬੰਸਲ, ਸੁ. ਸ਼ਾਮਲਤਾ ਲਤਿਕਾ ਅਤੇ ਸੁ. ਅੰਮਾ ਅਰੋੜਾ, ਮੈਂਬਰ ਸੀਡਬਲਿਊਸੀ ਬਠਿੰਡਾ, ਸ੍ਰੀ ਕੇਵਲ ਨੰਦ ਮਿਸ਼ਰਾ, ਸੁਪਰਡੈਂਟੈਂਡੈਂਟ, ਸੀਸੀਆਈ ਲਈ ਲੜਕੇ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਪੰਕਜ ਕੁਮਾਰ, ਡੀਸੀਪੀਓ ਸ੍ਰੀਮਤੀ ਰਵਨੀਤ ਕੌਰ, ਐਲਪੀਓ ਸ੍ਰੀ ਰਾਜਵਿੰਦਰ ਸਿੰਘ, ਸ੍ਰੀ ਚੇਤਨ ਸ਼ਰਮਾ, ਸ੍ਰੀ ਸੁਖਮੰਦਰ ਸਿੰਘ, ਚੇਅਰਪਰਸਨ ਸ੍ਰੀ ਅਨੰਤ ਆਨੰਦ ਆਸ਼ਰਮ ਸ੍ਰੀਮਤੀ ਸਵਰਨਜੀਤ ਕੌਰ, ਮੈਨੇਜਰ, ਰੈਡ ਕਰਾਸ, ਸ੍ਰੀਮਤੀ ਮਨਿੰਦਰ ਭੱਲਾ, ਪ੍ਰਿੰਸੀਪਲ, ਗੁਰਬੰਤਾ ਦਾਸ ਡੈਫ ਅਤੇ ਡੰਬ ਸਕੂਲ; ਸੁ. ਦੀਪਿਕਾ ਸ਼ਰਮਾ, ਇੰਚਾਰਜ, ਰੈਡ ਕਰਾਸ ਆਦਿ ਸ਼ਾਮਲ ਸਨ।

## “ਅਰਦਾਸ”

ਵਰਲਡ ਪੰਜਾਬੀ ਟਾਈਮਜ਼ ਸੁਰਜੀਤ ਸਾਰੰਗ




“ਅਰਦਾਸ” ਇੱਕ ਪੰਜਾਬੀ ਕਹਾਣੀ ਹੈ ਜੋ ਜਜ਼ਬਾਤਾਂ ਦੀ ਤਰਜ਼ਮਾਨੀ ਕਰਦੀ ਹੈ। ਇਹ ਕਹਾਣੀ ਇੱਕ ਪਿਤਾ ਦੇ ਦਿਲ ਦੀ ਕਹਾਣੀ ਹੈ, ਜੋ ਆਪਣੇ ਪੁੱਤਰ ਦੀ ਮੌਤ ਦੇ ਦੁੱਖ ਨੂੰ ਸਹਿਣ ਨਹੀਂ ਕਰ ਪਾ ਰਿਹਾ ਹੈ।

ਕਹਾਣੀ ਵਿੱਚ, ਪਿਤਾ ਆਪਣੇ ਪੁੱਤਰ ਦੀ ਮੌਤ ਦੇ ਬਾਅਦ ਆਪਣੇ ਦਿਲ ਦੀ ਗੱਲ ਗੁਰੂ ਨਾਨਕ ਦੇਵ ਜੀ ਨਾਲ ਕਰਦਾ ਹੈ। ਉਹ ਆਪਣੇ ਦੁੱਖ ਨੂੰ ਪ੍ਰਗਟ ਕਰਦਾ ਹੈ ਅਤੇ ਗੁਰੂ ਨਾਨਕ ਦੇਵ ਜੀ ਨੂੰ ਆਪਣੇ ਪੁੱਤਰ ਦੀ ਮੌਤ ਦਾ ਕਾਰਨ ਪੁੱਛਦਾ ਹੈ।

ਗੁਰੂ ਨਾਨਕ ਦੇਵ ਜੀ ਉਸ ਨੂੰ ਦੱਸਦੇ ਹਨ ਕਿ ਜੀਵਨ ਅਤੇ ਮੌਤ ਦੋਵੇਂ ਹੀ ਅਨਿਸ਼ਚਿਤ ਹਨ, ਅਤੇ ਇਹ ਕਿ ਉਸ ਦੇ ਪੁੱਤਰ ਦੀ ਮੌਤ ਇੱਕ ਨਵੀਂ ਜੀਵਨ ਦੀ ਸ਼ੁਰੂਆਤ ਹੈ।

ਕਹਾਣੀ ਵਿੱਚ, ਪਿਤਾ ਆਪਣੇ ਦੁੱਖ ਨੂੰ ਸਹਿਣ ਕਰਨ ਦੀ ਤਾਕਤ ਪ੍ਰਾਪਤ ਕਰਦਾ ਹੈ ਅਤੇ ਆਪਣੇ ਪੁੱਤਰ ਦੀ ਯਾਦ ਵਿੱਚ ਅਰਦਾਸ ਕਰਦਾ ਹੈ।

“ਅਰਦਾਸ” ਕਹਾਣੀ ਜਜ਼ਬਾਤਾਂ ਦੀ ਤਰਜ਼ਮਾਨੀ ਕਰਦੀ ਹੈ ਅਤੇ ਸਾਨੂੰ ਦੱਸਦੀ ਹੈ ਕਿ ਦੁੱਖ ਨੂੰ ਸਹਿਣ ਕਰਨ ਦੀ ਤਾਕਤ ਕਿਵੇਂ ਪ੍ਰਾਪਤ ਕੀਤੀ ਜਾ ਸਕਦੀ ਹੈ।


“ਅਰਦਾਸ” ਕਹਾਣੀ ਇੱਕ ਪਿਤਾ ਦੇ ਦਿਲ ਦੀ ਕਹਾਣੀ ਹੈ, ਜੋ ਆਪਣੇ ਪੁੱਤਰ ਦੀ ਮੌਤ ਦੇ ਦੁੱਖ ਨੂੰ ਸਹਿਣ ਨਹੀਂ ਕਰ ਪਾ ਰਿਹਾ ਹੈ। ਇਹ ਕਹਾਣੀ ਸਾਨੂੰ ਦੱਸਦੀ ਹੈ ਕਿ ਦੁੱਖ ਨੂੰ ਸਹਿਣ ਕਰਨ ਦੀ ਤਾਕਤ ਕਿਵੇਂ ਪ੍ਰਾਪਤ ਕੀਤੀ ਜਾ ਸਕਦੀ ਹੈ।

ਕਹਾਣੀ ਵਿੱਚ, ਪਿਤਾ ਆਪਣੇ ਪੁੱਤਰ ਦੀ ਮੌਤ ਦੇ ਬਾਅਦ ਆਪਣੇ ਦਿਲ ਦੀ ਗੱਲ ਗੁਰੂ ਨਾਨਕ ਦੇਵ ਜੀ ਨਾਲ ਕਰਦਾ ਹੈ। ਉਹ ਆਪਣੇ ਦੁੱਖ ਨੂੰ ਪ੍ਰਗਟ ਕਰਦਾ ਹੈ ਅਤੇ ਗੁਰੂ ਨਾਨਕ ਦੇਵ ਜੀ ਨੂੰ ਆਪਣੇ ਪੁੱਤਰ ਦੀ ਮੌਤ ਦਾ ਕਾਰਨ ਪੁੱਛਦਾ ਹੈ।

ਗੁਰੂ ਨਾਨਕ ਦੇਵ ਜੀ ਉਸ ਨੂੰ ਦੱਸਦੇ ਹਨ ਕਿ ਜੀਵਨ ਅਤੇ ਮੌਤ ਦੋਵੇਂ ਹੀ ਅਨਿਸ਼ਚਿਤ ਹਨ, ਅਤੇ ਇਹ ਕਿ ਉਸ ਦੇ ਪੁੱਤਰ ਦੀ ਮੌਤ ਇੱਕ ਨਵੀਂ ਜੀਵਨ ਦੀ ਸ਼ੁਰੂਆਤ ਹੈ।

ਕਹਾਣੀ ਵਿੱਚ, ਪਿਤਾ ਆਪਣੇ ਦੁੱਖ ਨੂੰ ਸਹਿਣ ਕਰਨ ਦੀ ਤਾਕਤ ਪ੍ਰਾਪਤ ਕਰਦਾ ਹੈ ਅਤੇ ਆਪਣੇ ਪੁੱਤਰ ਦੀ ਯਾਦ ਵਿੱਚ ਅਰਦਾਸ ਕਰਦਾ ਹੈ।


ਇਸ ਕਹਾਣੀ ਤੋਂ ਸਾਨੂੰ ਇਹ ਸਿੱਖਿਆ ਮਿਲਦੀ ਹੈ ਕਿ ਦੁੱਖ ਨੂੰ ਸਹਿਣ ਕਰਨ ਦੀ ਤਾਕਤ ਪ੍ਰਾਪਤ ਕਰਨੀ ਚਾਹੀਦੀ ਹੈ, ਅਤੇ ਇਹ ਕਿ ਜੀਵਨ ਅਤੇ ਮੌਤ ਦੋਵੇਂ ਹੀ ਅਨਿਸ਼ਚਿਤ ਹਨ।

ਕਹਾਣੀ ਦਾ ਸਾਰ ਇਹ ਹੈ ਕਿ ਦੁੱਖ ਨੂੰ ਸਹਿਣ ਕਰਨ ਦੀ ਤਾਕਤ ਪ੍ਰਾਪਤ ਕਰਨੀ ਚਾਹੀਦੀ ਹੈ, ਅਤੇ ਇਹ ਕਿ ਜੀਵਨ ਅਤੇ ਮੌਤ ਦੋਵੇਂ ਹੀ ਅਨਿਸ਼ਚਿਤ ਹਨ।

## ਲੋਕਾਂ ਦੀ ਸਿਹਤ ਤਹਿਤ ਦੁੱਧ ਪਰਖ ਕੈਂਪ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ, 25 ਫਰਵਰੀ : ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਪਸ਼ੂ ਪਾਲਣ ਮੱਛੀ ਪਾਲਣ ਅਤੇ ਡੇਅਰੀ ਵਿਕਾਸ ਸ. ਗੁਰਮੀਤ ਸਿੰਘ ਖੁੱਡੀਆ ਦੀ ਅਗਵਾਈ ਹੇਠ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਵਰਿਆਮ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦੁੱਧ ਖਪਤਕਾਰ ਜਾਗਰੂਕਤਾ ਮੁਹਿੰਮ ਤਹਿਤ ਅੱਜ ਮਾਂ ਛਿਨਮਸਤਿਕਾ ਮੰਦਰ, ਬਾਲਾ ਜੀ ਕਲੋਨੀ, ਰਾਮਪੁਰਾ ਫੂਲ ਵਿਖੇ ਮੁਫ਼ਤ ਦੁੱਧ ਪਰਖ ਕੈਂਪ ਲਗਾਇਆ ਗਿਆ। ਮੋਬਾਈਲ ਦੁੱਧ ਟੈਸਟਿੰਗ ਵੈਨ ਰਾਹੀਂ ਲਗਾਏ ਗਏ ਇਸ ਕੈਂਪ ਨੂੰ ਇਲਾਕਾ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।

ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸ. ਗੁਰਵਿੰਦਰ ਸਿੰਘ ਸਿੱਧੂ ਦੀ ਦੇਖ-ਰੇਖ ਹੇਠ ਲਖਮੀਤ ਸਿੰਘ ਡੇਅਰੀ ਵਿਕਾਸ ਇੰਸਪੈਕਟਰ ਅਤੇ ਗੁਰਪਾਲ ਸਿੰਘ ਵੱਲੋਂ ਮਹਿਲਾ ਕਲਿਆਣ ਸੰਘ ਰਾਮਪੁਰਾ ਫੂਲ ਦੇ ਸਹਿਯੋਗ ਨਾਲ ਕੈਂਪ ਦੀ ਸਫਲ ਅਗਵਾਈ ਕੀਤੀ ਗਈ। ਕੈਂਪ ਦੌਰਾਨ ਦੁੱਧ ਵਿੱਚ ਫੈਟ, ਐੱਸ.ਐਨ.ਐੱਫ., ਪਾਣੀ ਦੀ ਮਾਤਰਾ ਅਤੇ ਰਸਾਇਣਿਕ ਤੱਤਾਂ ਜਿਵੇਂ ਯੂਰੀਆ, ਕਾਸਟਿਕ ਸੋਢਾ ਅਤੇ ਸਟਾਰਚ ਦੀ ਵਿਗਿਆਨਕ ਤਰੀਕੇ ਨਾਲ ਜਾਂਚ ਕੀਤੀ ਗਈ ਅਤੇ ਲੋਕਾਂ ਨੂੰ ਖ਼ਾਲਿਸ ਦੁੱਧ ਦੀ ਪਹਿਚਾਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਕੈਂਪ ਦੌਰਾਨ ਕੁੱਲ 23 ਦੁੱਧ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 16 ਸੈਂਪਲ ਮਿਆਰਾਂ ਅਨੁਸਾਰ ਪਾਏ ਗਏ ਜਦਕਿ 7 ਸੈਂਪਲਾਂ ਵਿੱਚ ਪਾਣੀ ਮਿਲਿਆ ਹੋਇਆ ਪਾਇਆ ਗਿਆ। ਖੁਸ਼ੀ ਦੀ ਗੱਲ ਇਹ ਰਹੀ ਕਿ ਕਿਸੇ ਵੀ ਸੈਂਪਲ ਵਿੱਚ ਰਸਾਇਣਿਕ ਮਿਲਾਵਟ ਦੀ ਪੁਸ਼ਟੀ ਨਹੀਂ ਹੋਈ, ਜਿਸ ਨਾਲ ਖਪਤਕਾਰਾਂ ਵਿੱਚ ਵਿਸ਼ਵਾਸ ਮਜ਼ਬੂਤ ਹੋਇਆ।

ਗੁਰਪਾਲ ਸਿੰਘ ਡੇਅਰੀ ਵਿਕਾਸ ਇੰਸਪੈਕਟਰ ਨੇ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਸਿਰਫ਼ ਮਿਆਰੀ ਅਤੇ ਗੁਣਵੱਤਾ ਵਾਲਾ ਦੁੱਧ ਹੀ ਵਰਤਣ ਅਤੇ ਜੇਕਰ ਕਿਸੇ ਨੂੰ ਦੁੱਧ ਦੀ ਗੁਣਵੱਤਾ ਸੰਬੰਧੀ ਕੋਈ ਸ਼ੱਕ ਹੋਵੇ ਤਾਂ ਉਹ ਡੇਅਰੀ ਵਿਕਾਸ ਦਫ਼ਤਰ ਬਠਿੰਡਾ ਵਿਖੇ ਹਰ ਕੰਮਕਾਜੀ ਦਿਨ ਸਵੇਰੇ 9 ਵਜੇ ਤੋਂ 11 ਵਜੇ ਤੱਕ ਮੁਫ਼ਤ ਜਾਂਚ ਦੀ ਸਹੂਲਤ ਦਾ ਲਾਭ ਲੈ ਸਕਦੇ ਹਨ। ਕੈਂਪ ਦੌਰਾਨ ਮਹਿਲਾ ਕਲਿਆਣ ਸੰਘ ਦੇ ਮੈਂਬਰ ਸ੍ਰੀਮਤੀ ਰਜਿੰਦਰ ਕੌਰ, ਵੀਨਾ ਰਾਣੀ, ਸਰੋਜ ਰਾਣੀ, ਪੰਡਿਤ ਦਲੀਪ, ਰਣਜੀਤ ਪੁੰਜ ਆਦਿ ਮੌਜੂਦ ਸਨ।

## ਮੁੱਖ ਮੰਤਰੀ ਸਿਹਤ ਯੋਜਨਾ ਸਬੰਧੀ ਰਜਿਸਟਰੇਸ਼ਨ ਨੂੰ ਕੀਤਾ ਗਿਆ ਸੌਖਾ : ਡਿਪਟੀ ਕਮਿਸ਼ਨਰ

### ਲੋਕ ਕੇਵਲ ਆਧਾਰ ਅਤੇ ਵੋਟਰ ਆਈ.ਡੀ. ਨਾਲ ਮੌਕੇ ‘ਤੇ ਕਰਵਾ ਸਕਦੇ ਹਨ ਰਜਿਸਟ੍ਰੇਸ਼ਨ

### ਜ਼ਿਲ੍ਹੇ ਦੇ ਕਾਮਨ ਸਰਵਿਸ ਸੈਂਟਰਾਂ, ਨਿਰਧਾਰਤ ਥਾਵਾਂ ਉੱਤੇ ਲੱਗੇ ਕੈਂਪਾਂ ‘ਚ ਰਜਿਸਟ੍ਰੇਸ਼ਨ ਜਾਰੀ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ




ਬਠਿੰਡਾ, 25 ਫਰਵਰੀ : ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸੁਵਿਧਾ ਦੇਣ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣਾਉਣ ਦਾ ਕੰਮ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਇਸ ਕੰਮ ਨੂੰ ਹੋਰ ਸੁਖਾਲਾ ਕਰਨ ਲਈ ਹੁਣ ਕੇਵਲ ਆਧਾਰ ਕਾਰਡ ਅਤੇ ਵੋਟਰ ਆਈ ਕਾਰਡ ਉੱਤੇ ਮੌਕੇ ‘ਤੇ ਹੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ।

ਸ੍ਰੀ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਬਠਿੰਡਾ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਵਸਨੀਕ ਇਸ ਸਬੰਧੀ ਆਪਣੇ ਕਾਰਡ ਬਣਵਾਉਣ ਲਈ ਆਪਣੇ ਨੇੜੇ ਦੇ ਸੀ.ਐੱਸ.ਸੀ. ਜਾਂ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਵਿਖੇ ਜਾ ਕੇ ਆਪਣਾ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਕੋਈ ਵੀ ਪੰਜਾਬ ਵਾਸੀ, ਜਿਸ ਕੋਲ ਆਧਾਰ ਕਾਰਡ ਅਤੇ ਪੰਜਾਬ ਵੋਟਰ ਆਈ.ਡੀ. ਹੈ, ਉਹ ਇਸ ਯੋਜਨਾ ਤਹਿਤ ਨਾਮ ਦਰਜ ਕਰਵਾਉਣ ਲਈ ਕਿਸੇ ਵੀ ਕਾਮਨ ਸਰਵਿਸ ਸੈਂਟਰ (ਸੀ.ਐਸ.ਸੀ.) ਜਾਂ ਨਿਰਧਾਰਤ ਰਜਿਸਟ੍ਰੇਸ਼ਨ ਕੈਂਪ ਵਿੱਚ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਬਿਹਤਰ ਅਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਚਲਾਈ ਜਾ ਰਹੀ ਇਸ ਮੁਹਿੰਮ ਤਹਿਤ ਰੋਜ਼ਾਨਾ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਵਾਸੀ ਲਾਭ ਉਠਾ ਰਹੇ ਹਨ ਅਤੇ ਮੌਕੇ ‘ਤੇ ਹੀ ਆਪਣੀ ਰਜਿਸਟ੍ਰੇਸ਼ਨ ਕਰਵਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦਾ ਉਦੇਸ਼ ਸੂਬੇ ਦੇ ਹਰ ਪਰਿਵਾਰ ਨੂੰ ਮਹਿੰਗੇ ਇਲਾਜ ਦੇ ਆਰਥਿਕ ਬੋਝ ਤੋਂ ਬਚਾਉਣਾ ਹੈ। ਕਈ ਵਾਰ ਗੰਭੀਰ ਬਿਮਾਰੀਆਂ ਦੇ ਇਲਾਜ ਕਾਰਨ ਪਰਿਵਾਰਾਂ ਨੂੰ ਵੱਡੀ ਆਰਥਿਕ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਇਸ ਯੋਜਨਾ ਰਾਹੀਂ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕੋਈ ਵੀ ਪਰਿਵਾਰ ਸਿਹਤ ਸੰਭਾਲ ਦੀ ਕਮੀ ਕਾਰਨ ਪਰੇਸ਼ਾਨ ਨਾ ਹੋਵੇ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵਿਸ਼ੇਸ਼ ਕੈਂਪਾਂ ਦੇ ਆਯੋਜਨ ਦੇ ਨਾਲ-ਨਾਲ ਜਾਗਰੂਕਤਾ ਮੁਹਿੰਮ ਵੀ ਚਲਾਈ ਜਾ ਰਹੀ ਹੈ ਤਾਂ ਜੋ ਲੋਕਾਂ ਤੱਕ ਯੋਜਨਾ ਸਬੰਧੀ ਪੂਰੀ ਜਾਣਕਾਰੀ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਸਟਾਫ਼ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਪਾਰਦਰਸ਼ਤਾ ਅਤੇ ਤੁਰੰਤ ਸੇਵਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਉਨ੍ਹਾਂ ਦੱਸਿਆ ਕਿ ਇਹ ਕੈਂਪ ਜ਼ਿਲ੍ਹੇ ‘ਭਰ ਚ ਵੱਖ-ਵੱਖ 55 ਥਾਵਾਂ ਤੇ ਲਗਾਤਾਰ ਲਗਾਏ ਜਾ ਰਹੇ ਹਨ। ਪਿੰਡ ਤੁੰਗਰਾਲੀ, ਜੋਗੇਵਾਲਾ, ਕਣਕਵਾਲ, ਫੁੱਲੋਖਾਰੀ, ਤਲਵੰਡੀ, ਰਾਮਾਂਮੰਡੀ, ਕੋਠਾਗੁਰੂ, ਰਾਮਪੁਰਾ ਸਿਟੀ, ਮਹਿਰਾਜ, ਕੇਸਰ ਸਿੰਘ ਵਾਲਾ, ਆਦਮਪੁਰ, ਭੋਡੀਪੁਰਾ, ਢਿਪਾਲੀ, ਦਿਆਲਪੁਰਾ ਭਾਈਕਾ, ਹਮੀਰਗੜ੍ਹ, ਅਕਲੀਆ ਜਲਾਲ, ਬਠਿੰਡਾ ਵਾਰਡ ਨੰਬਰ 12, 35, 21, 24, 25, 28, 43, 44, 49, 50, ਗਹਿਰੀ ਦੇਵੀ ਨਗਰ, ਭਿਸੀਆਣਾ, ਕੋਟਸ਼ਮੀਰ, ਸੰਗਤ ਮੰਡੀ, ਦਿਉਣ , ਮਾਛਿਆਣਾ , ਬਹਿਮਣ ਦੀਵਾਨਾ, ਬੀੜ ਤਾਲਾਬ ਬਸਤੀ, ਬਾਬਾ ਜੀਵਨ ਸਿੰਘ ਨਗਰ, ਭੁੱਚੋ ਮੰਡੀ, ਗੋਨਿਆਣਾ ਰੋਡ, ਲਹਿਰਾ ਮੁਹੱਬਤ, ਨਥਾਣਾ, ਕੋਠੇ ਇੰਦਰ ਸਿੰਘ ਵਾਲਾ, ਕੋਠੇ ਲਾਲ ਸਿੰਘ ਵਾਲਾ, ਮਹਿਮਾ ਸਵਾਈ, ਕੋਠੇ ਬੁੱਧ ਸਿੰਘ ਵਾਲਾ, ਦਾਨ ਸਿੰਘ ਵਾਲਾ, ਕੋਠੇ ਸਪੁਰਾ ਸਿੰਘ ਵਾਲਾ, ਬੁਗਰਾਂ, ਬੱਲੋ, ਮੰਡੀ ਖੁਰਦ, ਕੁੱਤੀਵਾਲ ਕਲਾਂ, ਰਾਮਗੜ੍ਹ ਭੁੰਦੜ, ਮਾਣਕਖਾਨਾ, ਰਾਜਗੜ੍ਹ ਕੁੱਬੇ, ਸੁਚ ਅਤੇ ਮੌੜ ਮੰਡੀ ਵਿਖੇ ਕੈਂਪ ਲਗਾਏ ਜਾ ਰਹੇ ਹਨ।

## ਮਾਊਂਟ ਲਿਟਰਾ ਜ਼ੀ ਸਕੂਲ ਵੱਲੋਂ ਸ਼ਾਨਦਾਰ ਵਿਦਾਇਗੀ ਸਮਾਰੋਹ ਦਾ ਕੀਤਾ ਗਿਆ ਆਯੋਜਨ : ਗੁਲਾਟੀ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ




ਕੋਟਕਪੂਰਾ, 25 ਫਰਵਰੀ : ਮਾਊਂਟ ਲਿਟਰਾ ਜ਼ੀ ਸਕੂਲ ਫਰੀਦਕੋਟ ਨੇ 2025-26 ਅਕਾਦਮਿਕ ਸੈਸ਼ਨ ਲਈ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਗੰਭੀਰ ਅਤੇ ਭਾਵਨਾਤਮਕ ਵਿਦਾਇਗੀ ਸਮਾਰੋਹ ਦੀ ਮੇਜ਼ਬਾਨੀ ਕੀਤੀ, 11ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਸੀਨੀਅਰ ਵਿਦਿਆਰਥੀਆਂ ਲਈ ਬਹੁਤ ਉਤਸ਼ਾਹ, ਪਿਆਰ ਅਤੇ ਸਮਰਪਣ ਨਾਲ ਪ੍ਰੋਗਰਾਮ ਤਿਆਰ ਕੀਤਾ, ਜਿਸ ਨਾਲ ਮਾਹੌਲ ਖੁਸ਼ੀ ਅਤੇ ਭਾਵਨਾ ਨਾਲ ਭਰ ਗਿਆ। ਸਮਾਗਮ ਦੀ ਸ਼ੁਰੂਆਤ ਦੀਵੇ ਜਗਾਉਣ ਅਤੇ ਸਰਸਵਤੀ ਵੰਦਨਾ ਨਾਲ ਹੋਈ। ਇਸ ਤੋਂ ਬਾਅਦ, ਇੱਕ ਸਵਾਗਤੀ ਭਾਸ਼ਣ ਵਿੱਚ, 11ਵੀਂ ਜਮਾਤ ਦੇ ਪ੍ਰਤੀਨਿਧੀਆਂ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ, ਲੀਡਰਸ਼ਿਪ ਹੁਨਰ ਅਤੇ ਸਕੂਲ ਵਿੱਚ ਯੋਗਦਾਨ ਲਈ ਪ੍ਰਸ਼ੰਸਾ ਕੀਤੀ। ਰੰਗੀਨ ਸੱਭਿਆਚਾਰਕ ਪ੍ਰਦਰਸ਼ਨ ਸਮੂਹ ਨਾਚ, ਸੋਲੋ ਗੀਤ, ਕਵਿਤਾਵਾਂ ਅਤੇ ਸਕਿਟ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ। ਵਿਦਿਆਰਥੀਆਂ ਲਈ ਵੱਖ-ਵੱਖ ਮਜ਼ੇਦਾਰ ਖੇਡਾਂ, ਸਿਰਲੇਖ ਅਤੇ ਰੈਂਪ ਵਾਕ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਬਹੁਤ ਵਿਸ਼ਵਾਸ ਅਤੇ ਉਤਸ਼ਾਹ ਨਾਲ ਹਿੱਸਾ ਲਿਆ। ਹਰੇਕ ਪ੍ਰਦਰਸ਼ਨ ਦੇ ਨਾਲ ਆਉਣ ਵਾਲੀਆਂ ਤਾੜੀਆਂ ਦੀ ਗੂੰਜ ਨੇ ਸਮਾਰੋਹ ਨੂੰ ਹੋਰ ਵੀ ਯਾਦਗਾਰੀ ਬਣਾ ਦਿੱਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜੀ. ਚਮਨ ਲਾਲ ਗੁਲਾਟੀ ਅਤੇ ਪ੍ਰਿੰਸੀਪਲ, ਰਜਨੀ ਠਾਕੁਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਵਿਦਾਈ ਅੰਤ ਨਹੀਂ ਹੈ, ਸਗੋਂ ਇੱਕ ਨਵੀਂ ਸ਼ੁਰੂਆਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਉੱਚੇ ਟੀਚੇ ਰੱਖਣ ਅਤੇ ਦ੍ਰਿੜ ਇਰਾਦੇ ਅਤੇ ਸਖ਼ਤ ਮਿਹਨਤ ਨਾਲ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ। ਸਮਾਗਮ ਦੀ ਮੁੱਖ ਗੱਲ ‘ਮਿਸ ਫੇਅਰਵੈੱਲ ਜਸਨੂਰ ਕੌਰ’ ਅਤੇ ‘ਮਿਸਟਰ ਫੇਅਰਵੈੱਲ ਵਿਸ਼ਾਲ ਮੋਂਗਾ’ ਪੁਰਸਕਾਰ ਸਨ। ਇਹ ਸਨਮਾਨ ਉਨ੍ਹਾਂ ਵਿਦਿਆਰਥੀਆਂ ਨੂੰ ਦਿੱਤੇ ਗਏ, ਜਿਨ੍ਹਾਂ ਨੇ ਆਪਣੇ ਸ਼ਾਨਦਾਰ ਵਿਵਹਾਰ, ਆਤਮ-ਵਿਸ਼ਵਾਸ, ਪ੍ਰਤਿਭਾ ਅਤੇ ਸਕਾਰਾਤਮਕ ਰਵੱਈਏ ਰਾਹੀਂ ਸਕੂਲ ਵਿੱਚ ਆਪਣੀ ਪਛਾਣ ਬਣਾਈ। ਜੇਤੂਆਂ ਨੂੰ ਸਟੇਜ ’ਤੇ ਸਨਮਾਨਿਤ ਕੀਤਾ ਗਿਆ ਅਤੇ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਭੇਟ ਕੀਤੇ ਗਏ, 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਦੇ ਮਾਰਗਦਰਸ਼ਨ ਅਤੇ ਦੋਸਤਾਂ ਨਾਲ ਬਿਤਾਏ ਪਲਾਂ ਨੂੰ ਯਾਦ ਕਰਦਿਆਂ ਆਪਣੇ ਅਨੁਭਵ ਸਾਂਝੇ ਕੀਤੇ। ਬਹੁਤ ਸਾਰੇ ਵਿਦਿਆਰਥੀ ਭਾਵੁਕ ਹੋ ਗਏ ਅਤੇ ਸਕੂਲ ਨੂੰ ਆਪਣਾ ਦੂਜਾ ਘਰ ਕਿਹਾ। ਅਧਿਆਪਕਾਂ ਨੇ ਵੀ ਆਪਣੇ ਨਿੱਘੇ ਆਸ਼ੀਰਵਾਦ ਦਿੱਤੇ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਸਮਾਗਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੇ ਇੱਕ ਦੂਜੇ ਨਾਲ ਫੋਟੋਆਂ ਖਿਚਵਾਈਆਂ ਅਤੇ ਪਿਆਰੀਆਂ ਯਾਦਾਂ ਨਾਲ ਅੱਗੇ ਵਧਣ ਦਾ ਸੰਕਲਪ ਲਿਆ। ਇਹ ਵਿਦਾਈ ਸਮਾਰੋਹ ਸਿਰਫ਼ ਇੱਕ ਸਮਾਗਮ ਨਹੀਂ ਸੀ, ਸਗੋਂ ਯਾਦਾਂ, ਪ੍ਰੇਰਨਾ ਅਤੇ ਨਵੇਂ ਸੁਪਨਿਆਂ ਦੀ ਇੱਕ ਸੁੰਦਰ ਸ਼ੁਰੂਆਤ ਸੀ। ਸਕੂਲ ਪਰਿਵਾਰ ਨੇ ਸਾਰੇ ਵਿਦਿਆਰਥੀਆਂ ਦੇ ਉੱਜਵਲ, ਸਫਲ ਅਤੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।